27-Nov-1Star-Chd.qxd 11/27/2025 11:58 PM Page 2



# ਉਪ ਰਾਸ਼ਟਰਪਤੀ ਨੇ ਪੰਜਾਬ ਯੂਨੀਵਰਸਿਟੀ ਦੀਆਂ ਸੈਨੇਟ ਚੋਣਾਂ ਨੂੰ ਦਿੱਤੀ ਮਨਜ਼ੂਰੀ

ਸਫ਼ਾ 1 ਦੀ ਬਾਕੀ

'ਚ ਮੁਖੀ ਅਤੇ ਅਧਿਆਪਕ ਅਤੇ ਵੱਖ-ਵੱਖ ਫੈਕਲਟੀ ਦੇ ਨੁਮਾਇੰਦੇ ਸ਼ਾਮਿਲ ਹਨ। ਇਨ੍ਹਾਂ 'ਚੋਂ 15 ਸੀਟਾਂ ਰਜਿਸਟਰਡ ਗ੍ਰੈਜੂਏਟਾਂ ਲਈ ਜਦਕਿ 2-2 ਸੀਟਾਂ ਟੀਚਿੰਗ ਵਿਭਾਗ ਦੇ ਸਟਾਫ਼ ਦੀਆਂ ਸੀਟਾਂ ਅਤੇ ਯੂਨੀਵਰਸਿਟੀ ਦੇ ਪ੍ਰੋਫ਼ੈਸਰਾਂ, ਐਸੋਸੀਏਟ ਅਤੇ ਅਸਿਸਟੈਂਟ ਪ੍ਰੋਫ਼ੈਸਰਾਂ ਲਈ ਹੋਣਗੀਆਂ। ਤਕਨੀਕੀ ਅਤੇ ਪ੍ਰੋਫ਼ੈਸ਼ਨਲ ਕਾਲਜਾਂ ਦੇ ਪ੍ਰਿੰਸੀਪਲਾਂ ਅਤੇ ਸਟਾਫ਼ ਲਈ 6 ਸੀਟਾਂ 'ਤੇ ਚੋਣਾਂ ਹੋਣਗੀਆਂ। ਜਦਕਿ ਆਰਟਸ ਕਾਲਜਾਂ ਦੇ ਮੁਖੀਆਂ ਦੀਆਂ ਅਤੇ ਐਫਲੀਏਟਿਡ ਆਰਟਸ ਕਾਲਜਾਂ ਦੇ ਪ੍ਰੋਫ਼ੈਸਰਾਂ, ਐਸੋਸੀਏਟ ਪ੍ਰੋਫ਼ੈਸਰਾਂ ਅਤੇ ਅਸਿਸਟੈਂਟ ਪ੍ਰੋਫ਼ੈਸਰਾਂ ਲਈ 8-8 ਸੀਟਾਂ ਰੱਖੀਆਂ ਗਈਆਂ ਹਨ। ਇਨ੍ਹਾਂ 'ਚੋਂ ਪੰਜਾਬ ਲਈ 3, ਕੇਂਦਰੀ ਪ੍ਰਬੰਧਤ ਪ੍ਰਦੇਸ਼ ਲਈ 1 ਅਤੇ ਸਾਰਿਆਂ ਲਈ ਕਾਮਨ 4 ਸੀਟਾਂ ਲਈ ਚੋਣਾਂ ਹੋਣਗੀਆਂ। ਯੂਨੀਵਰਸਿਟੀ ਦੀਆਂ ਹੋਰ ਫੈਕਲਟੀ ਲਈ 6 ਸੀਟਾਂ 'ਤੇ ਚੋਣਾਂ ਹੋਣਗੀਆਂ। ਸੈਨੇਟ ਦਾ ਕਾਰਜਕਾਲ 4 ਸਾਲ ਦਾ ਹੋਵੇਗਾ।



ਸੈਨੇਟ ਚੋਣਾਂ ਦੀ ਮਨਜ਼ੂਰੀ ਮਿਲਣ 'ਤੇ ਖ਼ੁਸ਼ੀ ਪ੍ਰਗਟ ਕਰਦੇ ਹੋਏ ਵਿਦਿਆਰਥੀ ਤੇ ਹੋਰ। ਤਸਵੀਰ : ਗੁਰਿੰਦਰ ਸਿੰਘ

## ਰਜਿਸਟਰਾਰ ਨੇ ਕੀਤੀ ਸੀ ਉਪ-ਰਾਸ਼ਟਰਪਤੀ ਨਾਲ ਮੁਲਾਕਾਤ

22 ਨਵੰਬਰ ਨੂੰ ਪੰਜਾਬ ਯੂਨੀਵਰਸਿਟੀ ਦੇ ਰਜਿਸਟਰਾਰ ਵਾਈ.ਪੀ. ਵਰਮਾ ਨੇ ਦਿੱਲੀ ਪਹੁੰਚ ਕੇ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਅਤੇ ਦੇਸ਼ ਦੇ ਉਪ-ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਨਾਲ ਮੁਲਾਕਾਤ ਕੀਤੀ ਸੀ। ਹਾਸਿਲ ਜਾਣਕਾਰੀ ਮੁਤਾਬਿਕ ਰਜਿਸਟਰਾਰ ਨੇ ਚਾਂਸਲਰ ਨੂੰ ਪੰਜਾਬ ਯੂਨੀਵਰਸਿਟੀ 'ਚ ਚਲ ਰਹੇ ਵਿਰੋਧ ਪ੍ਰਦਰਸ਼ਨਾਂ ਅਤੇ ਵਿਦਿਆਰਥੀਆਂ ਦੇ ਅੰਦੋਲਨਾਂ ਦੀ ਤਫਸੀਲੀ ਰਿਪੋਰਟ ਦਿੱਤੀ। ਇਸ ਮੁਲਾਕਾਤ ਦੌਰਾਨ ਪੰਜਾਬ ਯੂਨੀਵਰਸਿਟੀ ਦੀ ਵਾਈਸ ਚਾਂਸਲਰ ਰੇਣੂ ਵਿਗ ਦੀ ਸਕੱਤਰ ਡਾ. ਸਲੂਜਾ ਵੀ ਮੌਜੂਦ ਸਨ। ਇਸ ਮੁਲਾਕਾਤ 'ਚ ਉਪ-ਰਾਸ਼ਟਰਪਤੀ ਨੇ ਸੈਨੇਟ ਚੋਣਾਂ ਬਾਰੇ ਹਾਂ-ਪੱਖੀ ਸੰਕੇਤ ਦਿੱਤੇ ਸਨ।

## ਉਪ-ਕੁਲਪਤੀ ਪ੍ਰੋ. ਰੇਣੂ ਵਿਗ ਨੇ ਵਿਦਿਆਰਥੀਆ ਦਾ ਕਰਵਾਇਆ ਮੂੰਹ ਮਿੱਠਾ

ਪੰਜਾਬ ਯੂਨੀਵਰਸਿਟੀ ਬਚਾਓ ਮੋਰਚੇ 'ਚ ਪੰਜਾਬ ਯੂਨੀਵਰਸਿਟੀ ਦੀ ਉਪ ਕੁਲਪਤੀ ਪ੍ਰੋ. ਰੇਣੂ ਵਿਗ ਪਹੁੰਚੇ, ਜਿਨ੍ਹਾਂ ਨੇ ਸੰਘਰਸ਼ ਕਰ ਰਹੇ ਵਿਦਿਆਰਥੀਆਂ ਦਾ ਮੂੰਹ ਮਿੱਠਾ ਕਰਵਾਇਆ। ਇਸ ਤੋਂ ਪਹਿਲਾ ਵਿਦਿਆਰਥੀਆ ਨੇ ਨੋਟੀਫ਼ਿਕੇਸ਼ਨ ਦੀ ਸਹਿਮਤੀ ਮਿਲਣ 'ਤੇ ਨੱਚ-ਟੱਪ ਕੇ ਖ਼ੁਸ਼ੀ ਦਾ ਪ੍ਰਗਟਾਵਾ ਕੀਤੀ ਗਈ। ਪ੍ਰੋ. ਵਿਗ ਨੇ ਲਿਖਤੀ ਬਿਆਨ ਜਾਰੀ ਕਰਦੇ ਹੋਏ ਭਾਰਤ ਦੇ ਉਪ-ਰਾਸ਼ਟਰਪਤੀ ਤੇ ਪੰਜਾਬ ਯੂਨੀਵਰਸਿਟੀ ਦੇ ਕੁਲਪਤੀ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਇਹ ਫ਼ੈਸਲਾ ਇਕ ਸਕਾਰਾਤਮਿਕ ਅਕਾਦਮਿਕ ਮਾਹੌਲ ਦੇ ਹਿੱਤ 'ਚ ਇਕ ਮਹੱਤਵਪੂਰਨ ਕਦਮ ਹੈ।



ਵਿਦਿਆਰਥੀਆ ਦਾ ਮੂੰਹ ਮਿੱਠਾ ਕਰਵਾਉਂਦੇ ਹੋਏ ਉਪ ਕੁਲਪਤੀ ਪ੍ਰੋ. ਰੇਣੂ ਵਿਗ।

## 'ਪੰਜਾਬ ਯੂਨੀਵਰਸਿਟੀ ਬਚਾਓ ਮੋਰਚਾ' ਨੇ ਧਰਨੇ ਦੀ ਸਮਾਪਤੀ ਲਈ ਰੱਖੀਆਂ 3 ਸ਼ਰਤਾਂ-ਮੀਟਿੰਗ ਅੱਜ

'ਪੰਜਾਬ ਯੂਨੀਵਰਸਿਟੀ ਬਚਾਓ ਮੋਰਚੇ' ਨੇ ਅੱਜ ਸੈਨੇਟ ਚੋਣਾਂ ਦੇ ਸ਼ਡਿਊਲ ਦੇ ਐਲਾਨ ਨਾਲ ਇਤਿਹਾਸਕ ਜਿੱਤ ਹਾਸਲ ਕਰ ਲਈ ਹੈ ਪਰ ਵਿਦਿਆਰਥੀ ਸੰਗਠਨਾਂ ਨੇ ਕਿਹਾ ਕਿ ਸੰਘਰਸ਼ ਹਲੇ ਖ਼ਤਮ ਨਹੀਂ ਹੋਇਆ, ਕਿਉਂਕਿ 28 ਨਵੰਬਰ ਨੂੰ ਯੂਨੀਵਰਸਿਟੀ ਪ੍ਰਸ਼ਾਸਨ ਨਾਲ ਇਕ ਮੀਟਿੰਗ ਤੈਅ ਕੀਤੀ ਗਈ ਹੈ, ਜਿਸ ਵਿਚ ਯੂਨੀਵਰਸਿਟੀ ਪ੍ਰਸ਼ਾਸਨ ਨਾਲ ਪਿਛਲੀਆਂ ਸੈਨੇਟ ਚੋਣਾਂ ਦੇ ਵਿਰੋਧ ਦੌਰਾਨ ਦਰਜ ਹੋਏ 14 ਵਿਦਿਆਰਥੀਆਂ ਵਿਰੁੱਧ ਐਫ਼.ਆਈ.ਆਰ. ਨੂੰ ਰੱਦ ਕਰਾਉਣ ਨਵੇਂ ਐਸ.ਓ.ਪੀ.ਐਸ. (ਸਟੈਂਡਰਡ ਆਪਰੇਟਿੰਗ ਪ੍ਰੋਸੀਜਰ) ਨੂੰ ਪੂਰੀ ਤਰ੍ਹਾਂ ਹਟਾਉਣ ਤੇ ਹਰਿਆਣਾ ਕਾਲਜਾਂ ਦੀ ਦੁਬਾਰਾ ਮਾਨਤਾ ਬਾਰੇ ਵਿਚਾਰ ਕਰਨ ਲਈ ਬਣਾਈ ਗਈ ਕਮੇਟੀ ਨੂੰ ਭੰਗ ਕਰਨ ਬਾਰੇ ਸਹਿਮਤੀ ਲਈ ਜਾਵੇਗੀ। ਲਿਖਤੀ ਸਹਿਮਤੀ ਤੋਂ ਬਾਅਦ ਹੀ ਧਰਨੇ ਦੀ ਸਮਾਪਤੀ ਹੋਵੇਗੀ।

## ਵਿਦਿਆਰਥੀਆਂ ਦੀ ਏਕਤਾ ਨੇ ਕੇਂਦਰ ਨੂੰ ਝੁਕਾਇਆ-ਸੁਖਬੀਰ



ਚੰਡੀਗੜ੍ਹ, 27 ਨਵੰਬਰ (ਪ੍ਰੋ. ਅਵਤਾਰ ਸਿੰਘ)-ਸੈਨੇਟ ਚੋਣਾਂ ਲਈ ਕੇਂਦਰ ਸਰਕਾਰ ਵਲੋਂ ਤਾਰੀਖ਼ਾਂ ਦੇ ਐਲਾਨ ਨੂੰ ਵਿਦਿਆਰਥੀਆਂ ਦੀ ਜਿੱਤ ਕਰਾਰ ਦਿੰਦੇ ਹੋਏ ਸ਼੍ਰੋਮਣੀ ਅਕਾਲੀ ਦਲ (ਬ) ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਪੰਜਾਬ ਯੂਨੀਵਰਸਿਟੀ ਦੇ ਵਿਦਿਆਰਥੀਆਂ, ਸਟਾਫ਼ ਤੇ ਐਲੂਮਨਾਈ ਵਲੋਂ ਇਕੱਠ ਦੀ ਤਾਕਤ ਨਾਲ ਲੜੀ ਗਈ ਸ਼ਾਂਤਮਈ ਜਨਤੰਤਰਕ ਲੜਾਈ ਨੇ ਕੇਂਦਰ ਸਰਕਾਰ ਨੂੰ ਆਖਰਕਾਰ ਚੋਣਾਂ ਦੀ ਤਾਰੀਖ਼ਾਂ ਐਲਾਨਣ ਲਈ ਮਜਬੂਰ ਕਰ ਦਿੱਤਾ। ਉਨ੍ਹਾਂ ਕਿਹਾ ਕਿ ਸੈਨੇਟ ਚੋਣਾਂ ਦੀ ਮੁੜ ਬਹਾਲੀ ਨਾ ਸਿਰਫ਼ ਪੰਜਾਬ ਯੂਨੀਵਰਸਿਟੀ ਦੀ ਜਿੱਤ ਹੈ, ਸਗੋਂ ਸੂਬੇ ਦੇ ਅਕਾਦਮਿਕ ਢਾਂਚੇ ਤੇ ਵਿਦਿਆਰਥੀ ਜਨਤੰਤਰ ਦੀ ਸੁਰੱਖਿਆ ਵੱਲ ਇਕ ਵੱਡਾ ਕਦਮ ਹੈ।

## ਡਾ. ਸਾਹਨੀ ਨੇ ਕੀਤਾ ਉਪ-ਰਾਸ਼ਟਰਪਤੀ ਦਾ ਧੰਨਵਾਦ



ਚੰਡੀਗੜ੍ਹ, 27 ਨਵੰਬਰ (ਅਜੀਤ ਬਿਊਰੋ)-ਪੰਜਾਬ ਤੋਂ ਰਾਜ ਸਭਾ ਮੈਂਬਰ ਡਾ. ਵਿਕਰਮਜੀਤ ਸਿੰਘ ਸਾਹਨੀ ਨੇ ਨਵੀਂ ਦਿੱਲੀ 'ਚ ਭਾਰਤ ਦੇ ਉਪ-ਰਾਸ਼ਟਰਪਤੀ ਤੇ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੇ ਉਪ-ਕੁਲਪਤੀ ਸੀ.ਪੀ. ਰਾਧਾਕ੍ਰਿਸ਼ਨਨ ਨਾਲ ਮੁਲਾਕਾਤ ਕੀਤੀ ਅਤੇ ਸੈਨੇਟ ਚੋਣਾਂ ਦੇ ਸ਼ੈਡਿਊਲ ਨੂੰ ਮਨਜ਼ੂਰੀ ਦੇਣ ਲਈ ਉਨ੍ਹਾਂ ਦੇ ਦਖ਼ਲ ਦੀ ਬੇਨਤੀ ਕੀਤੀ ਸੀ। ਡਾ. ਸਾਹਨੀ ਨੇ ਹੁਣ ਪੰਜਾਬ ਯੂਨੀਵਰਸਿਟੀ ਸੈਨੇਟ ਚੋਣਾਂ ਦੇ ਸ਼ੈਡਿਊਲ ਨੂੰ ਮਨਜ਼ੂਰੀ ਦੇਣ ਲਈ ਉਪ-ਰਾਸ਼ਟਰਪਤੀ ਦਾ ਧੰਨਵਾਦ ਕੀਤਾ ਹੈ।

## ਵਿਦਿਆਰਥੀਆਂ ਦੀ ਸ਼ਾਨਦਾਰ ਜਿੱਤ-ਕੰਗ



ਚੰਡੀਗੜ੍ਹ, 27 ਨਵੰਬਰ (ਅਜਾਇਬ ਸਿੰਘ ਔਜਲਾ)- ਸ੍ਰੀ ਅਨੰਦਪੁਰ ਸਾਹਿਬ ਲੋਕ ਸਭਾ ਹਲਕੇ ਤੋਂ ਸੰਸਦ ਮੈਂਬਰ ਮਾਲਵਿੰਦਰ ਸਿੰਘ ਕੰਗ ਨੇ ਵਿਦਿਆਰਥੀਆਂ, ਅਧਿਆਪਕਾਂ, ਫੈਕਲਟੀ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਇਨਸਾਫ਼ ਦੀ ਜਿੱਤ ਹੋਈ ਹੈ। ਉਨ੍ਹਾਂ ਕਿਹਾ ਕਿ ਪੰਜਾਬ ਯੂਨੀਵਰਸਿਟੀ 'ਚ ਸੈਨੇਟ ਚੋਣਾਂ ਦੀ ਲੰਬੇ ਸਮੇਂ ਤੋਂ ਲਟਕਦੀ ਪ੍ਰਵਾਨਗੀ ਵਿਦਿਆਰਥੀਆਂ ਲਈ ਇਕ ਸ਼ਾਨਦਾਰ ਜਿੱਤ ਬਣੀ ਹੈ। ਉਨ੍ਹਾਂ ਕਿਹਾ ਕਿ ਕੇਂਦਰ ਨੇ ਇਸ ਦੀ ਖ਼ੁਦਮੁਖ਼ਤਿਆਰੀ ਨੂੰ ਕੁਚਲਣ ਦੀ ਕੋਸ਼ਿਸ਼ ਕੀਤੀ ਪਰ ਪੰਜਾਬ ਦਾ ਇਕਜੁੱਟ, ਸਮਝੌਤਾ ਨਾ ਕਰਨ ਵਾਲਾ ਵਿਰੋਧ ਜਿੱਤਿਆ ਹੈ।

## ਲੋਕਤੰਤਰ ਦੀ ਜਿੱਤ-ਜਥੇਦਾਰ ਹਰਪ੍ਰੀਤ ਸਿੰਘ



ਚੰਡੀਗੜ੍ਹ, 27 ਨਵੰਬਰ (ਪ੍ਰੋ. ਅਵਤਾਰ ਸਿੰਘ)-ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਦੇ ਪ੍ਰਧਾਨ ਜਥੇਦਾਰ ਹਰਪ੍ਰੀਤ ਸਿੰਘ ਨੇ ਫ਼ੈਸਲੇ ਦਾ ਸਵਾਗਤ ਕਰਦੇ ਹੋਏ ਯੂਨੀਵਰਸਿਟੀ ਦੇ ਸੰਘਰਸ਼ਸ਼ੀਲ ਵਿਦਿਆਰਥੀਆਂ ਤੇ ਸਮੂਹ ਪੰਜਾਬੀਆਂ ਨੂੰ ਵਧਾਈ ਦਿੱਤੀ ਹੈ। ਉਨ੍ਹਾਂ ਕਿਹਾ ਕਿ ਇਹ ਮੋੜ ਲੋਕਤੰਤਰ, ਵਿਦਿਆਰਥੀ ਏਕਤਾ ਤੇ ਹੱਕਾਂ ਲਈ ਲੜਨ ਵਾਲੇ ਨੌਜਵਾਨਾਂ ਦੀ ਹਿੰਮਤ ਦੀ ਜਿੱਤ ਹੈ। ਉਨ੍ਹਾਂ ਕਿਹਾ ਕਿ ਜਦੋਂ ਲੋਕਤੰਤਰਿਕ ਪ੍ਰਕਿਰਿਆਵਾਂ ਸਮੇਂ ਸਿਰ, ਪਾਰਦਰਸ਼ਤਾ ਤੇ ਇਮਾਨਦਾਰੀ ਨਾਲ ਚੱਲਦੀਆਂ ਹਨ ਤਾਂ ਹੀ ਦੇਸ਼ ਮਜ਼ਬੂਤ ਲੋਕਤੰਤਰ ਬਣਦਾ ਹੈ।

## ਜਮਹੂਰੀਅਤ ਦੀ ਜਿੱਤ ਹੋਈ-ਚੰਦੂਮਾਜਰਾ



ਚੰਡੀਗੜ੍ਹ, 27 ਨਵੰਬਰ (ਪ੍ਰੋ. ਅਵਤਾਰ ਸਿੰਘ)-ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਦੇ ਸੀਨੀਅਰ ਆਗੂ ਤੇ ਸਾਬਕਾ ਸੰਸਦ ਮੈਂਬਰ ਪ੍ਰੇਮ ਸਿੰਘ ਚੰਦੂਮਾਜਰਾ ਨੇ ਇਸ ਨੂੰ ਜਮਹੂਰੀਅਤ ਦੀ ਜਿੱਤ ਕਰਾਰ ਦਿੱਤਾ। ਉਨ੍ਹਾਂ ਆਖਿਆ ਕਿ ਦੇਸ਼ ਦੇ ਉਪ-ਰਾਸ਼ਟਰਪਤੀ ਤੇ ਪੰਜਾਬ ਯੂਨੀਵਰਸਿਟੀ ਦੇ ਕੁਲਪਤੀ ਵਲੋਂ ਚੋਣਾਂ ਨੂੰ ਦਿੱਤੀ ਪ੍ਰਵਾਨਗੀ ਸਵਾਗਤਯੋਗ ਫ਼ੈਸਲਾ ਹੈ। ਉਨ੍ਹਾਂ ਸੈਨੇਟ ਚੋਣਾਂ ਸਬੰਧੀ ਨੋਟੀਫਿਕੇਸ਼ਨ ਹੋਣ 'ਤੇ ਯੂਨੀਵਰਸਿਟੀ ਵਿਦਿਆਰਥੀਆਂ ਤੇ ਸੰਘਰਸ਼ੀ ਜਥੇਬੰਦੀਆਂ ਨੂੰ ਵਧਾਈ ਦਿੱਤੀ।

## 7 ਸਤੰਬਰ ਤੋਂ ਸ਼ੁਰੂ ਹੋਵੇਗਾ ਚੋਣ ਅਮਲ

ਚਾਂਸਲਰ ਵਲੋਂ ਜਾਰੀ ਚੋਣ ਪ੍ਰੋਗਰਾਮ ਜਿਸ 'ਚ ਪੰਜਾਬ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਵਲੋਂ 9 ਨਵੰਬਰ ਨੂੰ ਪ੍ਰਸਤਾਵਿਤ ਚੋਣ ਸ਼ਡਿਊਲ ਨੂੰ ਹੀ ਹਰੀ ਝੰਡੀ ਦਿੱਤੀ ਗਈ ਹੈ। ਸਿੱਖਿਆ ਵਿਭਾਗ ਦੇ ਅੰਡਰ ਸਕੱਤਰ ਸਰਿਤਾ ਚੌਹਾਨ ਵਲੋਂ ਜਾਰੀ ਚਿੱਠੀ 'ਚ ਕਿਹਾ ਗਿਆ ਹੈ ਕਿ ਪੰਜਾਬ ਯੂਨੀਵਰਸਿਟੀ ਵਲੋਂ 9 ਨਵੰਬਰ 2025 ਨੂੰ ਸੈਨੇਟ ਚੋਣਾਂ ਲਈ ਪ੍ਰਸਤਾਵਿਤ ਤਰੀਕਾਂ ਨੂੰ ਉਪ-ਰਾਸ਼ਟਰਪਤੀ ਅਤੇ ਪੰਜਾਬ ਯੂਨੀਵਰਸਿਟੀ ਦੇ ਚਾਂਸਲਰ ਨੇ ਮਨਜ਼ੂਰੀ ਦੇ ਦਿੱਤੀ ਗਈ ਹੈ। ਜਿਸ ਮੁਤਾਬਿਕ ਸਭ ਤੋਂ ਪਹਿਲਾਂ ਤਕਨੀਕੀ ਅਤੇ ਪ੍ਰੋਫ਼ੈਸ਼ਨਲ ਕਾਲਜਾਂ ਅਤੇ ਪ੍ਰਿੰਸੀਪਲਾਂ ਲਈ ਚੋਣਾਂ ਕਰਵਾਈਆਂ ਜਾਣਗੀਆਂ। 7 ਸਤੰਬਰ ਨੂੰ ਹੋਣ ਵਾਲੀਆਂ ਇਨ੍ਹਾਂ ਚੋਣਾਂ ਦੇ ਨਤੀਜੇ 9 ਸਤੰਬਰ ਨੂੰ ਆਉਣਗੇ। ਉਸ ਤੋਂ ਬਾਅਦ ਯੂਨੀਵਰਸਿਟੀ ਦੇ ਟੀਚਿੰਗ ਵਿਭਾਗ ਦੇ ਪ੍ਰੋਫ਼ੈਸਰਾਂ ਦੀਆਂ ਚੋਣਾਂ 14 ਸਤੰਬਰ ਨੂੰ ਹੋਣਗੀਆਂ, ਜਿਸ ਦੇ ਨਤੀਜੇ 16 ਨਵੰਬਰ ਨੂੰ ਐਲਾਨੇ ਜਾਣਗੇ। ਯੂਨੀਵਰਸਿਟੀ ਦੇ ਟੀਚਿੰਗ ਵਿਭਾਗ ਦੇ ਐਸੋਸੀਏਟ ਅਤੇ ਸਹਾਇਕ ਪ੍ਰੋਫ਼ੈਸਰਾਂ ਦੀ ਚੋਣ ਵੀ 14 ਸਤੰਬਰ ਨੂੰ ਹੋਵੇਗੀ ਜਦਕਿ ਨਤੀਜੇ 16 ਸਤੰਬਰ ਨੂੰ ਐਲਾਨੇ ਜਾਣਗੇ। ਆਰਟਸ ਕਾਲਜਾਂ ਦੇ ਮੁਖੀਆਂ, ਪ੍ਰੋਫ਼ੈਸਰਾਂ, ਐਸੋਸੀਏਟ ਪ੍ਰੋਫ਼ੈਸਰਾਂ ਅਤੇ ਸਹਾਇਕ ਪ੍ਰੋਫ਼ੈਸਰਾਂ ਅਤੇ ਰਜਿਸਟਰਾਰ ਗ੍ਰੈਜੂਏਟਾਂ ਲਈ ਚੋਣਾਂ 20 ਸਤੰਬਰ ਨੂੰ ਹੋਣਗੀਆਂ ਅਤੇ ਨਤੀਜੇ 22 ਸਤੰਬਰ ਨੂੰ ਐਲਾਨੇ ਜਾਣਗੇ। 4 ਅਕਤੂਬਰ ਨੂੰ ਬਾਕੀ ਰਹਿੰਦੀਆਂ ਚੋਣਾਂ ਪੰਜਾਬ ਯੂਨੀਵਰਸਿਟੀ 'ਚ ਹੀ ਕਰਵਾਈਆਂ ਜਾਣਗੀਆਂ ਅਤੇ ਉਸ ਦੇ ਨਤੀਜੇ ਵੀ ਉਸੇ ਦਿਨ ਐਲਾਨੇ ਜਾਣਗੇ।





ਜਲੰਧਰ 'ਚ ਪੱਤਰਕਾਰ ਸੰਮੇਲਨ ਨੂੰ ਸੰਬੋਧਨ ਕਰਦੇ ਹੋਏ ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ, ਨਾਲ ਸੁਨੀਲ ਜਾਖੜ, ਕੇ. ਡੀ. ਭੰਡਾਰੀ, ਮਨੋਰੰਜਨ ਕਾਲੀਆ, ਸੁਸ਼ੀਲ ਸ਼ਰਮਾ, ਸਰਬਜੀਤ ਸਿੰਘ ਮੱਕੜ ਤੇ ਹੋਰ। ਤਸਵੀਰ : ਮੁਨੀਸ਼



ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਚੌਹਾਨ ਦਾ ਮੋਗਾ ਪੁੱਜਣ 'ਤੇ ਸਵਾਗਤ ਕਰਦੇ ਹੋਏ ਸੁਨੀਲ ਜਾਖੜ, ਡਾ. ਹਰਜੋਤ ਕਮਲ ਤੇ ਹੋਰ। ਤਸਵੀਰ : ਜਸਪਾਲ ਸਿੰਘ ਬੱਬੀ

## 'ਈਜ਼ੀ ਰਜਿਸਟਰੀ' ਦੀ ਵਿਵਸਥਾ ਲਾਗੂ ਕਰਨ...

(ਸਫਾ 1 ਦੀ ਬਾਕੀ)

ਨਾਗਰਿਕ ਹੁਣ 500 ਰੁਪਏ ਦੀ ਮਾਮੂਲੀ ਫ਼ੀਸ ਦੇ ਕੇ 'ਸੇਲ ਡੀਡ' ਆਨਲਾਈਨ ਜਾਂ ਸੇਵਾ ਕੇਂਦਰਾਂ ਰਾਹੀਂ ਤਿਆਰ ਕਰ ਸਕਦੇ ਹਨ। 'ਸਰਕਾਰ ਤੁਹਾਡੇ ਦੁਆਰ' ਸਕੀਮ ਦੇ ਤਹਿਤ ਲੋਕ ਇਸ ਸੇਵਾ ਦਾ ਲਾਭ ਲੈਣ ਲਈ ਹੈਲਪ ਲਾਈਨ ਨੰ. 1076 'ਤੇ ਕਾਲ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਦਸਤਾਵੇਜ਼ਾਂ ਨੂੰ ਸਿਰਫ਼ 48 ਘੰਟਿਆਂ ਦੇ ਅੰਦਰ ਆਨਲਾਈਨ ਜਮ੍ਹਾਂ ਕਰਵਾਉਣਾ ਸੰਭਵ ਹੋਵੇਗਾ। ਤਹਿਸੀਲਦਾਰ ਹੁਣ ਜ਼ਮੀਨ-ਜਾਇਦਾਦ ਦੀ ਰਜਿਸਟ੍ਰੇਸ਼ਨ 'ਤੇ ਬੇਲੋੜੇ ਇਤਰਾਜ਼ ਨਹੀਂ ਉਠਾ ਸਕੇਗਾ। ਇਸ ਲਈ 48 ਘੰਟਿਆਂ ਦਾ ਸਮਾਂ ਤੈਅ ਕੀਤਾ ਗਿਆ ਹੈ ਅਤੇ ਜੇਕਰ ਕੋਈ ਇਤਰਾਜ਼ ਉਠਾਇਆ ਜਾਂਦਾ ਹੈ ਤਾਂ ਇਸ ਨੂੰ ਤੁਰੰਤ ਸੰਬੰਧਿਤ ਡਿਪਟੀ ਕਮਿਸ਼ਨਰ ਕੋਲ ਭੇਜਿਆ ਜਾਵੇਗਾ, ਜੋ ਇਹ ਤਸਦੀਕ ਕਰਨਗੇ ਕਿ ਇਤਰਾਜ਼ ਸਹੀ ਹੈ ਜਾਂ ਨਹੀਂ। ਇਸ ਮੌਕੇ ਉਨ੍ਹਾਂ ਨਾਲ ਹਲਕਾ ਫ਼ਤਹਿਗੜ੍ਹ ਸਾਹਿਬ ਦੇ ਵਿਧਾਇਕ ਲਖਬੀਰ ਸਿੰਘ ਰਾਏ, ਬਸੀ ਪਠਾਣਾਂ ਹਲਕੇ ਦੇ ਵਿਧਾਇਕ ਰੁਪਿੰਦਰ ਸਿੰਘ ਹੈਪੀ, ਅਮਲੋਹ ਹਲਕੇ ਦੇ ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ, ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਅਜੇ ਸਿੰਘ ਲਿਬੜਾ, ਮਾਰਕੀਟ ਕਮੇਟੀ ਸਰਹਿੰਦ-ਫ਼ਤਹਿਗੜ੍ਹ ਸਾਹਿਬ ਦੇ ਚੇਅਰਮੈਨ ਗੁਰਵਿੰਦਰ ਸਿੰਘ ਢਿੱਲੋਂ ਤੇ ਹੋਰ ਪ੍ਰਸ਼ਾਸਨਿਕ ਅਧਿਕਾਰੀ ਵੀ ਹਾਜ਼ਰ ਸਨ।

# ਕੇਂਦਰ ਵਲੋਂ ਹੜ੍ਹ ਰਾਹਤ ਫ਼ੰਡ ਲਈ ਪੰਜਾਬ ਨੂੰ 480 ਕਰੋੜ ਜਾਰੀ-ਚੌਹਾਨ

ਸ.ਫ਼ਾ 1 ਦੀ ਬਾਕੀ

ਲਈ ਵੀ ਵੱਡੀ ਪੱਧਰ 'ਤੇ ਫ਼ੰਡ ਜਾਰੀ ਕੀਤੇ ਜਾ ਰਹੇ ਹਨ। ਇਸ ਮੌਕੇ ਉਨ੍ਹਾਂ ਮਨਰੇਗਾ ਸਕੀਮ 'ਚ ਫਰਜ਼ੀਵਾੜੇ ਸੰਬੰਧੀ ਖ਼ੁਲਾਸਾ ਕਰਦੇ ਹੋਏ ਮਾਮਲੇ ਦੀ ਜਾਂਚ ਕਰਵਾਏ ਜਾਣ ਦਾ ਐਲਾਨ ਕਰਦਿਆਂ ਕਿਹਾ ਕਿ ਗਰੀਬਾਂ ਲਈ ਆਏ ਪੈਸੇ ਦੀ ਦੁਰਵਰਤੋਂ ਕਿਸੇ ਵੀ ਕੀਮਤ 'ਤੇ ਨਹੀਂ ਕਰਨ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਕਈ ਥਾਵਾਂ ਤੋਂ ਸ਼ਿਕਾਇਤਾਂ ਮਿਲੀਆਂ ਹਨ ਕਿ ਮਨਰੇਗਾ ਲਈ ਆਏ ਪੈਸੇ ਨਾਲ ਨਾ ਤਾਂ ਕੋਈ ਕੰਮ ਹੋਇਆ ਹੈ ਤੇ ਨਾ ਹੀ ਗਰੀਬਾਂ ਤੱਕ ਇਹ ਰਾਸ਼ੀ ਪਹੁੰਚ ਸਕੀ ਹੈ। ਕੇਂਦਰੀ ਮੰਤਰੀ ਨੇ ਕਿਹਾ ਕਿ ਕੇਂਦਰ ਸਰਕਾਰ ਵਲੋਂ ਮਨਰੇਗਾ ਸਕੀਮ ਤਹਿਤ ਪਿਛਲੇ ਸਾਲਾਂ ਦੌਰਾਨ ਜਿੱਥੇ 6 ਹਜ਼ਾਰ ਕਰੋੜ ਰੁਪਏ ਦੀ ਰਾਸ਼ੀ ਜਾਰੀ ਕੀਤੀ ਜਾ ਚੁੱਕੀ ਹੈ, ਉਥੇ ਇਸ ਸਾਲ 842 ਕਰੋੜ ਦਿੱਤੇ ਗਏ ਹਨ। ਇਸ ਦੇ ਨਾਲ ਹੀ ਉਨ੍ਹਾਂ ਇਹ ਵੀ ਕਿਹਾ ਕਿ ਜਿੱਥੇ ਹੋਰਨਾਂ ਰਾਜਾਂ 'ਚ ਮਨਰੇਗਾ ਤਹਿਤ ਮਜ਼ਦੂਰਾਂ ਨੂੰ 100 ਦਿਨ ਕੰਮ ਮਿਲਦਾ ਹੈ, ਉਥੇ ਪੰਜਾਬ 'ਚ ਹੜ੍ਹਾਂ ਨਾਲ ਹੋਏ ਨੁਕਸਾਨ ਨੂੰ ਦੇਖਦੇ ਹੋਏ ਮਜ਼ਦੂਰਾਂ ਲਈ ਕੰਮ ਦੀ ਮਿਆਦ ਵਧਾ ਕੇ 150 ਦਿਨ ਕੀਤੀ ਗਈ ਹੈ। ਇਸ ਦੇ ਨਾਲ ਹੀ ਉਨ੍ਹਾਂ ਕਿਹਾ ਕਿ ਹੜ੍ਹਾਂ ਨਾਲ ਪ੍ਰਭਾਵਿਤ ਕਿਸਾਨਾਂ ਨੂੰ ਕੇਂਦਰ ਸਰਕਾਰ ਵਲੋਂ 74 ਕਰੋੜ ਰੁਪਏ ਦਾ ਕਣਕ ਦਾ ਬੀਜ ਅਤੇ 12,500 ਕਇੰਟਲ ਦੇ ਕਰੀਬ ਬਰਸੀਮ ਦਾ ਬੀਜ ਦਿੱਤਾ ਗਿਆ ਹੈ। ਇਸ ਮੌਕੇ ਉਨ੍ਹਾਂ ਇਹ ਵੀ ਕਿਹਾ ਕਿ ਹੜ੍ਹਾਂ ਤੇ ਬਰਸਾਤਾਂ ਨਾਲ ਨੁਕਸਾਨੇ ਗਏ 30 ਹਜ਼ਾਰ ਦੇ ਕਰੀਬ ਘਰਾਂ ਲਈ ਰਾਸ਼ੀ ਜਾਰੀ ਕੀਤੀ ਜਾ ਚੁੱਕੀ ਹੈ, ਜਦਕਿ ਪਿਛਲੇ ਸਾਲਾਂ ਦੌਰਾਨ ਕੇਂਦਰ ਵਲੋਂ ਇਕ ਲੱਖ ਲੋਕਾਂ ਨੂੰ ਪੱਕੇ ਮਕਾਨ ਬਣਾ ਕੇ ਦੇਣ ਦਾ ਵੀ ਟੀਚਾ ਮਿੱਥਿਆ ਗਿਆ ਸੀ, ਜਿਸ 'ਚੋਂ 76 ਹਜ਼ਾਰ ਘਰਾਂ ਨੂੰ ਪੱਕੇ ਕਰਨ ਸੰਬੰਧੀ ਗ੍ਰਾਂਟ ਜਾਰੀ ਕੀਤੀ ਜਾ ਚੁੱਕੀ ਹੈ। ਇਸ ਦੇ ਨਾਲ ਹੀ ਉਨ੍ਹਾਂ ਕਿਹਾ ਕਿ ਰਾਸ਼ਟਰੀ ਗ੍ਰਾਮੀਣ ਆਜੀਵਕਾ ਮਿਸ਼ਨ (ਐਨ. ਆਰ. ਐਚ. ਐਮ.) ਤਹਿਤ ਸੈਲਫ ਹੈਲਪ ਗਰੁੱਪ ਨਾਲ ਜੁੜੀਆਂ 5 ਲੱਖ ਬੀਬੀਆਂ ਲਈ ਵੀ ਕੇਂਦਰ ਸਰਕਾਰ ਵਲੋਂ ਵਿਸ਼ੇਸ਼ ਪੈਕੇਜ ਦਿੱਤਾ ਗਿਆ ਹੈ।

## ਕੇਂਦਰੀ ਖੇਤੀਬਾੜੀ ਮੰਤਰੀ ਵਲੋਂ ਮੋਗਾ 'ਚ ਕਿਸਾਨਾਂ ਨਾਲ ਗੱਲਬਾਤ

ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਅੱਜ ਮੋਗਾ ਦੇ ਪਿੰਡ ਰਣਸੀਂਹ ਕਲਾਂ ਦਾ ਦੌਰਾ ਕੀਤਾ, ਜਿੱਥੇ ਉਨ੍ਹਾਂ ਨੇ ਕਿਸਾਨਾਂ ਨਾਲ ਖੁੱਲ੍ਹ ਕੇ ਗੱਲਬਾਤ ਕੀਤੀ। ਕੇਂਦਰੀ ਮੰਤਰੀ ਨੇ ਪਿੰਡ ਦੇ ਕਿਸਾਨਾਂ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ ਕਿ ਉਹ ਪਿਛਲੇ ਛੇ ਸਾਲਾਂ ਤੋਂ ਪਰਾਲੀ ਨਹੀਂ ਸਾੜ ਰਹੇ। ਉਨ੍ਹਾਂ ਕਿਹਾ ਕਿ ਕਿਸਾਨਾਂ ਨੇ ਆਪਣੇ ਖੇਤਾਂ 'ਚ ਪਰਾਲੀ ਨੂੰ ਵਾਹੁਣ ਨਾਲ ਇਸ ਨੂੰ ਖਾਦ ਵਿਚ ਬਦਲ ਦਿੱਤਾ ਹੈ, ਜਿਸ ਨਾਲ ਪਿੰਡ ਵਿਚ ਰਸਾਇਣਿਕ ਖਾਦਾਂ ਦੀ ਵਰਤੋਂ 30 ਫ਼ੀਸਦੀ ਘੱਟ ਗਈ ਹੈ। ਉਨ੍ਹਾਂ ਨੇ ਰਣਸੀਂਹ ਕਲਾਂ ਪਿੰਡ ਵਿਚ ਪਰਾਲੀ ਦੇ ਪ੍ਰਬੰਧਨ ਸੰਬੰਧੀ ਇਸ ਪਹਿਲਕਦਮੀ ਨੂੰ ਦੇਸ਼ ਭਰ ਦੇ ਕਿਸਾਨਾਂ ਲਈ ਇਕ ਉਦਾਹਰਨ ਦੱਸਿਆ ਅਤੇ ਕਿਹਾ ਕਿ ਇਹ ਕਦਮ ਮਿੱਟੀ ਦੀ ਉਪਜਾਊ ਸ਼ਕਤੀ ਅਤੇ ਵਾਤਾਵਰਨ ਸੁਰੱਖਿਆ ਦੋਵਾਂ ਵਿਚ ਇਕ ਮਹੱਤਵਪੂਰਨ ਯੋਗਦਾਨ ਹੈ। ਇਸ ਮੌਕੇ ਕੇਂਦਰੀ ਮੰਤਰੀ ਨੇ ਪਿੰਡ ਵਾਸੀਆਂ ਨੂੰ ਸੰਬੋਧਨ ਕਰਦੇ ਹੋਏ ਉਨ੍ਹਾਂ ਲਈ ਭਰਾ ਅਤੇ ਭੈਣ ਦੀ ਬਜਾਏ ਭਤੀਜੇ ਅਤੇ ਭਤੀਜੀਆਂ ਸ਼ਬਦਾਂ ਦੀ ਵਰਤੋਂ ਕਰ ਕੇ ਇਕ ਪਿਆਰ ਭਰਿਆ ਸੰਬੰਧ ਬਣਾਇਆ, ਜਿਸ ਨੇ ਪਿੰਡ ਵਾਸੀਆਂ ਦੇ ਦਿਲਾਂ ਵਿਚ ਉਨ੍ਹਾਂ ਦੇ ਪਿਆਰ ਭਰੇ ਅਕਸ ਨੂੰ ਹੋਰ ਮਜ਼ਬੂਤ ਕੀਤਾ। ਇਸ ਮੌਕੇ ਉਨ੍ਹਾਂ ਨਾਲ ਸੂਬਾ ਭਾਜਪਾ ਪ੍ਰਧਾਨ ਸੁਨੀਲ ਜਾਖੜ ਵੀ ਮੌਜੂਦ ਸਨ। ਕੇਂਦਰੀ ਮੰਤਰੀ ਦਾ ਮੋਗਾ ਪੁੱਜਣ 'ਤੇ ਭਾਜਪਾ ਜ਼ਿਲ੍ਹਾ ਪ੍ਰਧਾਨ ਡਾ: ਹਰਜੋਤ ਕਮਲ ਅਤੇ ਜ਼ਿਲ੍ਹਾ ਭਾਜਪਾ ਇਕਾਈ ਨੇ ਹੋਟਲ ਗੋਲਡ ਕੋਸਟ ਕਲੱਬ ਵਿਖੇ ਨਿੱਘਾ ਸਵਾਗਤ ਕੀਤਾ। ਡਾ: ਹਰਜੋਤ ਕਮਲ ਨੇ ਕੇਂਦਰ ਸਰਕਾਰ ਦਾ ਧੰਨਵਾਦ ਕੀਤਾ ਤੇ ਕਿਹਾ ਕਿ ਖੇਤੀਬਾੜੀ ਮੰਤਰੀ ਪੰਜਾਬ ਦੇ ਕਿਸਾਨਾਂ ਦੀਆਂ ਸਮੱਸਿਆਵਾਂ ਨੂੰ ਸਮਝਣ ਲਈ ਲਗਾਤਾਰ ਸੂਬੇ ਦਾ ਦੌਰਾ ਕਰ ਰਹੇ ਹਨ।

## ਕਿਸਾਨਾਂ ਨਾਲ ਮੰਜੇ 'ਤੇ...

(ਸਫ਼ਾ 1 ਦੀ ਬਾਕੀ)

ਭਾਗੀਦਾਰੀ ਦੇ ਨਵੇਂ ਰਿਕਾਰਡ ਬਣੇ ਹਨ। ਮੈਂ ਪੰਜਾਬ ਦੇ ਲੋਕਾਂ ਦਾ ਧੰਨਵਾਦੀ ਹਾਂ। ਸਾਨੂੰ ਮਹਿਸੂਸ ਹੁੰਦਾ ਹੈ ਜਿਵੇਂ ਅਸੀਂ ਘਰ ਆਏ ਹਾਂ। ਇਸ ਮੌਕੇ ਕੇਂਦਰੀ ਮੰਤਰੀ ਨੇ ਮੰਜੇ 'ਤੇ ਬੈਠ ਕੇ ਪਿੰਡ ਵਾਸੀਆਂ ਨਾਲ ਰਵਾਇਤੀ ਪੰਜਾਬੀ ਭੋਜਨ ਮੱਕੀ ਦੀ ਰੋਟੀ ਤੇ ਸਰੋਂ ਦਾ ਸਾਗ ਵੀ ਖਾਧਾ।

### ਮੌਸਮ 28.11.2025

| ਸ਼ਹਿਰ | ਤਾਪਮਾਨ | |
|---|---|---|
| ਚੰਡੀਗੜ੍ਹ | ਵੱਧ ਤੋਂ ਵੱਧ | 32.0 ਸੈਂ: |
| | ਘੱਟ ਤੋਂ ਘੱਟ | 09.0 ਸੈਂ: |
| ਅੰਮ੍ਰਿਤਸਰ | ਵੱਧ ਤੋਂ ਵੱਧ | 23.0 ਸੈਂ: |
| | ਘੱਟ ਤੋਂ ਘੱਟ | 08.0 ਸੈਂ: |
| ਜਲੰਧਰ | ਵੱਧ ਤੋਂ ਵੱਧ | 23.0 ਸੈਂ: |
| | ਘੱਟ ਤੋਂ ਘੱਟ | 07.0 ਸੈਂ: |
| ਬਠਿੰਡਾ | ਵੱਧ ਤੋਂ ਵੱਧ | 23.0 ਸੈਂ: |
| | ਘੱਟ ਤੋਂ ਘੱਟ | 09.0 ਸੈਂ: |
| ਲੁਧਿਆਣਾ | ਵੱਧ ਤੋਂ ਵੱਧ | 24.0 ਸੈਂ: |
| | ਘੱਟ ਤੋਂ ਘੱਟ | 08.0 ਸੈਂ: |

ਦਿਨ ਦੀ ਲੰਬਾਈ 10 ਘੰਟੇ 22 ਮਿੰਟ

ਸੂਰਜ ਚੜ੍ਹਨ ਦਾ ਸਮਾਂ-ਸਵੇਰੇ 7:05:25 ਸਕਿੰਟ
ਸੂਰਜ ਡੁੱਬਣ ਦਾ ਸਮਾਂ-ਸ਼ਾਮ 05:28:02 ਸਕਿੰਟ

**ਭਵਿੱਖਬਾਣੀ**

ਅੱਜ ਮੌਸਮ ਸਾਫ ਰਹੇਗਾ।



ਫ਼ਾਜ਼ਿਲਕਾ ਦੇ ਸਿਵਲ ਹਸਪਤਾਲ ਵਿਚ ਜ਼ੇਰੇ ਇਲਾਜ ਪੁਲਿਸ ਮੁਲਾਜ਼ਮ। ਤਸਵੀਰ : ਪ੍ਰਦੀਪ ਕੁਮਾਰ

## ਆਰ.ਐਸ.ਐਸ. ਆਗੂ ਦੇ ਬੇਟੇ ਦਾ ਮੁੱਖ...

(ਸਫਾ 1 ਦੀ ਬਾਕੀ)

ਦਿੱਤੀ। ਪੁਲਿਸ ਵਲੋਂ ਵੀ ਜਵਾਬੀ ਗੋਲੀਬਾਰੀ ਕੀਤੀ ਗਈ। ਇਸ ਦੌਰਾਨ ਕਥਿਤ ਦੋਸ਼ੀ ਬਾਦਲ ਤੇ ਪੰਜਾਬ ਪੁਲਿਸ ਦੇ ਹਵਲਦਾਰ ਬਲੌਰ ਸਿੰਘ ਜ਼ਖ਼ਮੀ ਹੋ ਗਏ। ਜਿਨ੍ਹਾਂ ਨੂੰ ਫ਼ਾਜ਼ਿਲਕਾ ਸਿਵਲ ਹਸਪਤਾਲ ਲਿਆਂਦਾ ਗਿਆ। ਜਿੱਥੇ ਕਥਿਤ ਦੋਸ਼ੀ ਬਾਦਲ ਨੂੰ ਮ੍ਰਿਤਕ ਐਲਾਨ ਦਿੱਤਾ ਗਿਆ ਅਤੇ ਪੰਜਾਬ ਪੁਲਿਸ ਦੇ ਹਵਲਦਾਰ ਬਲੌਰ ਸਿੰਘ ਜੇਰੇ ਇਲਾਜ ਹੈ। ਘਟਨਾ ਵਾਲੀ ਜਗ੍ਹਾ 'ਤੇ ਡੀ.ਆਈ.ਜੀ ਫ਼ਿਰੋਜ਼ਪੁਰ ਹਰਮਨਦੀਪ ਸਿੰਘ ਗਿੱਲ ਤੇ ਐਸ.ਐਸ.ਪੀ. ਫ਼ਿਰੋਜ਼ਪੁਰ ਭੁਪਿੰਦਰ ਸਿੰਘ ਸਿੱਧੂ ਮੌਕੇ 'ਤੇ ਪਹੁੰਚ ਗਏ ਤੇ ਘਟਨਾ ਵਾਲੀ ਜਗ੍ਹਾ ਦਾ ਜਾਇਜ਼ਾ ਲਿਆ। ਡੀ.ਆਈ.ਜੀ. ਗਿੱਲ ਨੇ ਦੱਸਿਆ ਕਿ ਜਾਂਚ ਜਾਰੀ ਹੈ, ਪੁਲਿਸ ਜਲਦੀ ਹੀ ਫ਼ਰਾਰ ਹੋਏ ਕਥਿਤ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰ ਲਵੇਗੀ। ਮ੍ਰਿਤਕ ਦੀ ਲਾਸ਼ ਫ਼ਾਜ਼ਿਲਕਾ ਦੇ ਮੁਰਦਾ ਘਰ 'ਚ ਰੱਖੀ ਗਈ ਹੈ।

## ਵਿਦਿਆਰਥੀਆਂ ਦੇ 25 ਦਿਨਾਂ ਸੰਘਰਸ਼....

(ਸਫ਼ਾ 1 ਦੀ ਬਾਕੀ)

2026 ਤੱਕ ਹੋਣਗੀਆਂ। ਇਥੇ ਦੱਸਣਯੋਗ ਹੈ ਕਿ ਪੰਜਾਬ ਯੂਨੀਵਰਸਿਟੀ ਸੈਨੇਟ ਦੀ ਮਿਆਦ 5 ਸਾਲ ਹੈ ਅਤੇ ਪਿਛਲੀ ਸੈਨੇਟ 31 ਅਕਤੂਬਰ, 2024 ਨੂੰ ਖ਼ਤਮ ਹੋ ਗਈ ਸੀ। ਵਿਦਿਆਰਥੀ ਸੰਗਠਨਾਂ ਨੇ ਸੈਨੇਟ ਚੋਣਾਂ ਵਿਚ ਦੇਰੀ ਹੋਣ ਕਾਰਨ 2 ਨਵੰਬਰ ਨੂੰ ਸੰਘਰਸ਼ ਸ਼ੁਰੂ ਕਰ ਦਿੱਤਾ ਸੀ, ਜਿਸ ਵਿਚ ਸਾਰੀਆਂ ਹੀ ਰਾਜਨੀਤਕ ਪਾਰਟੀਆਂ, ਕਿਸਾਨ ਜਥੇਬੰਦੀਆਂ, ਸਮਾਜਿਕ ਅਤੇ ਹੋਰ ਸੰਸਥਾਵਾਂ ਨੇ ਭਰਵਾਂ ਸਮਰਥਨ ਕੀਤਾ। ਜਿਸ ਤੋਂ ਬਾਅਦ ਅੱਜ ਉਪ ਰਾਸ਼ਟਰਪਤੀ ਨੇ ਸੈਨੇਟ ਚੋਣਾਂ ਦੀ ਮਨਜ਼ੂਰੀ ਦੇ ਦਿੱਤੀ।

## 1984 ਸਿੱਖ ਨਸਲਕੁਸ਼ੀ...

(ਸਫ਼ਾ 1 ਦੀ ਬਾਕੀ)

ਪਹਿਲਾਂ ਕਰਨ ਦੀ ਮੰਗ ਕੀਤੀ ਸੀ। ਹੁਣ ਇਸ ਮਾਮਲੇ ਦੀ ਸੁਣਵਾਈ 5 ਦਸੰਬਰ ਨੂੰ ਹੋਵੇਗੀ। ਇਸ ਤੋਂ ਪਹਿਲਾਂ ਜੇਲ੍ਹ ਪ੍ਰਸ਼ਾਸਨ ਨੇ 4 ਸਤੰਬਰ ਨੂੰ ਇਹ ਕਹਿ ਕੇ ਉਸਦੀ ਫਰਲੋ ਸੰਬੰਧੀ ਅਰਜ਼ੀ ਰੱਦ ਕਰ ਦਿੱਤੀ ਸੀ ਕਿ ਉਸਦੀ ਰਿਹਾਈ ਨਾਲ ਇਲਾਕੇ 'ਚ ਕਾਨੂੰਨ ਵਿਵਸਥਾ ਵਿਗੜ ਸਕਦੀ ਹੈ ਅਤੇ ਜਨਤਕ ਸ਼ਾਂਤੀ ਭੰਗ ਹੋਣ ਦਾ ਖਦਸ਼ਾ ਹੈ। ਖੋਖਰ ਨੇ ਇਸ ਨੂੰ ਹਾਈ ਕੋਰਟ 'ਚ ਚੁਣੌਤੀ ਦਿੰਦਿਆਂ ਮੰਗ ਕੀਤੀ ਕਿ ਉਸ ਨੂੰ 21 ਦਿਨਾਂ ਲਈ ਫਰਲੋ ਦਿੱਤੀ ਜਾਵੇ ਤਾਂ ਜੋ ਉਹ ਆਪਣੇ ਪਰਿਵਾਰ ਅਤੇ ਸਮਾਜ ਨਾਲ ਸੰਬੰਧ ਸਥਾਪਿਤ ਕਰ ਸਕੇ। ਜ਼ਿਕਰਯੋਗ ਹੈ ਬਲਵਾਨ ਖੋਖਰ ਨੂੰ 2013 'ਚ ਹੱਤਿਆ ਅਤੇ ਦੰਗਾ ਭੜਕਾਉਣ ਦੇ ਮਾਮਲੇ 'ਚ ਦੋਸ਼ੀ ਠਹਿਰਾਉਂਦਿਆਂ ਉਮਰ ਕੈਦ ਦੀ ਸਜ਼ਾ ਸੁਣਾਈ ਗਈ ਸੀ।

## ਨਿਪਾਲ ਨੇ ਕਾਲਾਪਾਣੀ...

(ਸਫ਼ਾ 1 ਦੀ ਬਾਕੀ)

ਪਿਛਲੇ ਪਾਸੇ ਗਵਰਨਰ ਮਹਾ ਪ੍ਰਸਾਦ ਅਧਿਕਾਰੀ ਦੇ ਦਸਤਖ਼ਤ ਹਨ। ਬੈਂਕ ਨੋਟ ਜਾਰੀ ਕਰਨ ਦੀ ਤਰੀਕ 2081 ਬੀ ਐੱਸ ਹੈ, ਜੋ ਪਿਛਲੇ ਸਾਲ 2024 ਨੂੰ ਦਰਸਾਉਂਦਾ ਹੈ। ਮਈ 2020 'ਚ, ਕੇ ਪੀ ਸ਼ਰਮਾ ਓਲੀ ਦੀ ਸਰਕਾਰ ਨੇ ਇਕ ਨਵਾਂ ਰਾਜਨੀਤਕ ਨਕਸ਼ਾ ਜਾਰੀ ਕੀਤਾ, ਜਿਸ ਵਿਚ ਲਿਪੁਲੇਖ, ਕਾਲਾਪਾਣੀ ਅਤੇ ਲਿੰਪੀਆਧੁਰਾ ਇਲਾਕਿਆਂ ਨੂੰ ਨਿਪਾਲ ਦਾ ਇਲਾਕਾ ਦਿਖਾਇਆ ਗਿਆ ਸੀ। ਬਾਅਦ 'ਚ ਇਸਨੂੰ ਸੰਸਦ ਨੇ ਮਨਜ਼ੂਰੀ ਦੇ ਦਿੱਤੀ। ਉਸ ਸਮੇਂ ਭਾਰਤ ਨੇ ਨਿਪਾਲ ਦੇ ਇਸ ਕਦਮ 'ਤੇ ਵੱਡੀ ਪ੍ਰਤੀਕ੍ਰਿਆ ਦਿੱਤੀ ਸੀ ਅਤੇ ਬਦਲੇ ਹੋਏ ਨਕਸ਼ੇ ਨੂੰ ਇਕਤਰਫ਼ਾ ਕਾਰਵਾਈ ਕਿਹਾ ਸੀ ਅਤੇ ਕਾਠਮੰਡੂ ਨੂੰ ਚਿਤਾਵਨੀ ਦਿੱਤੀ ਸੀ ਕਿ ਇਲਾਕੇ ਦੇ ਦਾਅਵਿਆਂ ਦੇ ਨਕਲੀ ਵਿਸਥਾਰ ਨੂੰ ਮਨਜ਼ੂਰ ਨਹੀਂ ਹੋਵੇਗਾ। ਭਾਰਤ ਦਾ ਕਹਿਣਾ ਹੈ ਕਿ ਲਿਪੁਲੇਖ, ਕਾਲਾਪਾਣੀ ਅਤੇ ਲਿੰਪੀਆਧੁਰਾ ਉਸਦੇ ਹਨ।


ਗੁਰਮੁਖਿ ਦਰਗਹ ਪਾਵੈ ਮਾਣੁ ।।

FIFTH SWEET MEMORY



S. PREM SINGH BEHL
(24.02.1932 to 28.11.2020)

On the occasion of 5th death anniversary of Late S. Prem Singh, Behl, we pay homage to the cherished life of our beloved father whose remembrance bears to an epitome of selfless dedication wrapped in simplicity.
His virtuous diligence and unwavering integrity continues to guide and inspire us.
You are truly missed in echo of every laughter and teardrop!

FONDLY REMEBERED BY:

SMT. BALBIR KAUR (WIFE)
Mrs. JATINDER KAUR (ROSY) & S. AMARJIT SINGH BEHL
Mrs. TEJINDER KAUR (SHELLY) & S. SUKHJINDER SINGH BEHL
SENIOR ADVOCATE
(Daughters-in-Law & Sons)

Mrs. Urshanjit Kaur & S. Satinder Pal Singh Khanna
Mrs. Baljeet Kaur w/o Late S.Surjit Singh Chatwal
(Daughter & Son-in-Law)

GRAND CHILDREN:

Manpreet & Amandeep Singh Gagneja
Gagandeep & Angad Singh Mago (Advocates) Canada
Guneet & Amandeep Singh Chatwal
Sahiba & Charanjot Singh Behl (Kittu Dugri)
General Secretary, Punjab Youth Congress
Dr. Gurmeet & Prabhjot Singh Khanna (UK)
Simran & Karanjot Singh Behl (Advocate)

Manmeet Singh Behl, Sr. Legal Assistant
Punjab State Human Rights Commission, Chandigarh
GAURAV VIR SINGH BEHL (ADVOCATE)
Punjab & Haryana High Court

GREAT GRAND CHILDREN:
Hurday, Agam, Kaivleen, Abheer, Ustat, Arzoie, Bani & Aazooni

Mobile: 98144-40007, 92163-40007